ਕਾਨੜਾ ਮਹਲਾ ੫ ॥ ਕਹਨ ਕਹਾਵਨ ਕਉ ਕਈ ਕੇਤੈ ॥ ਐਸੋ ਜਨੁ ਬਿਰਲੋ ਹੈ ਸੇਵਕੁ ਜੋ ਤਤ ਜੋਗ ਕਉ ਬੇਤੈ ॥੧॥ ਰਹਾਉ ॥ ਦੁਖੁ ਨਾਹੀ ਸਭੁ ਸੁਖੁ ਹੀ ਹੈ ਰੇ ਏਕੈ ਏਕੀ ਨੇਤੈ ॥ ਬੁਰਾ ਨਹੀ ਸਭੁ ਭਲਾ ਹੀ ਹੈ ਰੇ ਹਾਰ ਨਹੀ ਸਭ ਜੇਤੈ ॥੧॥ ਸੋਗੁ ਨਾਹੀ ਸਦਾ ਹਰਖੀ ਹੈ ਰੇ ਛੋਡਿ ਨਾਹੀ ਕਿਛੁ ਲੇਤੈ ॥ ਕਹੁ ਨਾਨਕ ਜਨੁ ਹਰਿ ਹਰਿ ਹਰਿ ਹੈ ਕਤ ਆਵੈ ਕਤ ਰਮਤੈ ॥੨॥੩॥੨੨॥ {ਪੰਨਾ 1302}

ਪਦ ਅਰਥ:- ਕਈ—ਅਨੇਕਾਂ ਬੰਦੇ। ਕੇਤੈ—ਕਿਤਨੇ ਹੀ ਬੰਦੇ। ਜੋ—ਜਿਹੜਾ (ਸੇਵਕ)। ਤਤ ਜੋਗ ਕਉ—ਤੱਤ ਦੇ ਜੋਗ ਨੂੰ, ਜਗਤ-ਦੇ-ਮੂਲ ਪ੍ਰਭੂ ਦੇ ਮਿਲਾਪ ਨੂੰ। ਬੇਤੈ—ਜਾਣਦਾ ਹੈ, ਮਾਣਦਾ ਹੈ।1। ਰਹਾਉ।

ਰੇ—ਹੇ ਭਾਈ! ਏਕੈ ਏਕੀ—ਸਿਰਫ਼ ਇਕ ਪਰਮਾਤਮਾ ਨੂੰ। ਨੇਤੈ—ਨੇਤ੍ਰੀਂ, ਅੱਖਾਂ ਵਿਚ (ਵਸਾਂਦਾ ਹੈ), ਅੱਖਾਂ ਨਾਲ (ਵੇਖਦਾ ਹੈ)। ਜੇਤੈ—(ਵਿਕਾਰਾਂ ਦੇ ਟਾਕਰੇ ਤੇ) ਜਿੱਤ।1।

ਸੋਗੁ—ਚਿੰਤਾ, ਗ਼ਮ। ਹਰਖੀ—ਹਰਖ ਹੀ, ਖ਼ੁਸ਼ੀ ਹੀ। ਛੋਡਿ—(ਉਸ ਹਰਖ ਨੂੰ) ਛੱਡ ਕੇ। ਕਤ ਆਵੈ—ਕਿੱਥੇ ਆਉਂਦਾ ਹੈ? ਨਹੀਂ (ਮੁੜ ਮੁੜ) ਜੰਮਦਾ। ਕਤ ਰਮਤੈ—ਮੁੜ ਮੁੜ ਨਹੀਂ ਮਰਦਾ, ਕਿੱਥੇ ਜਾਂਦਾ ਹੈ?।2।

ਅਰਥ:- ਹੇ ਭਾਈ! ਅਜਿਹਾ ਕੋਈ ਵਿਰਲਾ ਸੰਤ-ਜਨ ਹੈ, ਕੋਈ ਵਿਰਲਾ ਸੇਵਕ ਹੈ, ਜਿਹੜਾ ਜਗਤ-ਦੇ-ਮੂਲ ਪਰਮਾਤਮਾ ਦੇ ਮਿਲਾਪ ਨੂੰ ਮਾਣਦਾ ਹੈ। ਜ਼ਬਾਨੀ ਆਖਣ ਅਖਵਾਣ ਵਾਲੇ ਤਾਂ ਅਨੇਕਾਂ ਹੀ ਹਨ।1। ਰਹਾਉ।

ਹੇ ਭਾਈ! (ਜਿਹੜਾ ਕੋਈ ਵਿਰਲਾ ਸੰਤ-ਜਨ ਪ੍ਰਭੂ-ਮਿਲਾਪ ਮਾਣਦਾ ਹੈ, ਉਸ ਨੂੰ) ਕੋਈ ਦੁੱਖ ਨਹੀਂ ਪੋਹ ਸਕਦਾ, (ਉਸ ਦੇ ਅੰਦਰ ਸਦਾ) ਆਨੰਦ ਹੀ ਆਨੰਦ ਹੈ, ਉਹ ਇਕ ਪਰਮਾਤਮਾ ਨੂੰ ਹੀ (ਹਰ ਥਾਂ) ਅੱਖਾਂ ਨਾਲ ਵੇਖਦਾ ਹੈ। ਹੇ ਭਾਈ! ਉਸ ਨੂੰ ਕੋਈ ਮਨੁੱਖ ਬੁਰਾ ਨਹੀਂ ਜਾਪਦਾ, ਹਰੇਕ ਭਲਾ ਹੀ ਦਿੱਸਦਾ ਹੈ, (ਦੁਨੀਆ ਦੇ ਵਿਕਾਰਾਂ ਦੇ ਟਾਕਰੇ ਤੇ ਉਸ ਨੂੰ) ਕਦੇ ਹਾਰ ਨਹੀਂ ਹੁੰਦੀ, ਸਦਾ ਜਿੱਤ ਹੀ ਹੁੰਦੀ ਹੈ।1।

ਹੇ ਭਾਈ! ਜਿਹੜਾ ਕੋਈ ਵਿਰਲਾ ਮਨੁੱਖ ਪ੍ਰਭੂ-ਮਿਲਾਪ ਮਾਣਦਾ ਹੈ, ਉਸ ਨੂੰ ਕਦੇ) ਚਿੰਤਾ ਨਹੀਂ ਵਿਆਪਦੀ, (ਉਸ ਦੇ ਅੰਦਰ ਸਦਾ) ਖ਼ੁਸ਼ੀ ਹੀ ਰਹਿੰਦੀ ਹੈ, (ਇਸ ਆਤਮਕ ਆਨੰਦ ਨੂੰ) ਛੱਡ ਕੇ ਉਹ ਕੁਝ ਹੋਰ ਗ੍ਰਹਣ ਨਹੀਂ ਕਰਦਾ। ਹੇ ਨਾਨਕ! ਆਖ—ਪਰਮਾਤਮਾ ਦਾ ਜਿਹੜਾ ਇਹੋ ਜਿਹਾ ਸੇਵਕ ਬਣਦਾ ਹੈ, ਉਹ ਮੁੜ ਮੁੜ ਜੰਮਣ ਮਰਨ ਦੇ ਗੇੜ ਵਿਚ ਨਹੀਂ ਪੈਂਦਾ।2।3। 22।